**ਭੈਰਉ ਮਹਲਾ ੫ ॥ਚੀਤਿ ਆਵੈ ਤਾਂ ਮਹਾ ਅਨੰਦ ॥ਚੀਤਿ ਆਵੈ ਤਾਂ ਸਭਿ ਦੁਖ ਭੰਜ ॥ ਚੀਤਿ ਆਵੈ ਤਾਂ ਸਰਧਾ ਪੂਰੀ ॥ ਚੀਤਿ ਆਵੈ ਤਾਂ ਕਬਹਿ ਨ ਝੂਰੀ ॥ ੧॥ ਅੰਤਰਿ ਰਾਮ ਰਾਇ ਪ੍ਰਗਟੇ ਆਇ ॥ ਗੁਰਿ ਪੂਰੈ ਦੀਓ ਰੰਗੁ ਲਾਇ ॥੧॥ ਰਹਾਉ ॥ ਚੀਤਿ ਆਵੈ ਤਾਂ ਸਰਬ ਕੋ ਰਾਜਾ ॥ ਚੀਤਿ ਆਵੈ ਤਾਂ ਪੂਰੇ ਕਾਜਾ ॥ ਚੀਤਿ ਆਵੈ ਤਾਂ ਰੰਗਿ ਗੁਲਾਲ ॥ ਚੀਤਿ ਆਵੈ ਤਾਂ ਸਦਾ ਨਿਹਾਲ ॥ ੨॥ ਚੀਤਿ ਆਵੈ ਤਾਂ ਸਦ ਧਨਵੰਤਾ ॥ ਚੀਤਿ ਆਵੈ ਤਾਂ ਸਦ ਨਿਭਰੰਤਾ ॥ ਚੀਤਿ ਆਵੈ ਤਾਂ ਸਭਿ ਰੰਗ ਮਾਣੇ ॥ ਚੀਤਿ ਆਵੈ ਤਾਂ ਚੂਕੀ ਕਾਣੇ ॥ ੩॥ ਚੀਤਿ ਆਵੈ ਤਾਂ ਸਹਜ ਘਰੁ ਪਾਇਆ ॥ ਚੀਤਿ ਆਵੈ ਤਾਂ ਸੁੰਨਿ ਸਮਾਇਆ ॥ ਚੀਤਿ ਆਵੈ ਸਦ ਕੀਰਤਨੁ ਕਰਤਾ ॥ ਮਨੁ ਮਾਨਿਆ ਨਾਨਕ ਭਗਵੰਤਾ ॥੪॥੮॥੨੧॥**

{ਪੰਨਾ 1141}

ਪਦਅਰਥ:- ਚੀਤਿ—ਚਿੱਤ ਵਿਚ। ਆਵੈ—(ਪਰਮਾਤਮਾ) ਆ ਵੱਸਦਾ ਹੈ। ਸਭਿ—ਸਾਰੇ। ਭੰਜ—ਨਾਸ। ਨ ਝੂਰੀ—ਚਿੰਤਾ ਫ਼ਿਕਰ ਨਹੀਂ ਕਰਦਾ।1।

ਅੰਤਰਿ—(ਜਿਸ ਮਨੁੱਖ ਦੇ) ਹਿਰਦੇ ਵਿਚ। ਰਾਮਰਾਇ—ਪ੍ਰਭੂ-ਪਾਤਿਸ਼ਾਹ। ਆਇ—ਆ ਕੇ। ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ। ਰੰਗੁ—ਆਤਮਕ ਆਨੰਦ।1। ਰਹਾਉ।

ਕੋ—ਦਾ। ਪੂਰੇ—ਸਿਰੇ ਚੜ੍ਹ ਜਾਂਦੇ ਹਨ। ਰੰਗਿ—ਰੰਗ ਵਿਚ। ਨਿਹਾਲ—ਪ੍ਰਸੰਨ, ਖਿੜੇ-ਮੱਥੇ।2।

ਸਦ—ਸਦਾ। ਨਿਭਰੰਤਾ—ਭ੍ਰਾਂਤੀ ਤੋਂ ਬਿਨਾ, ਭਟਕਣਾ ਤੋਂ ਬਚ ਜਾਂਦਾ ਹੈ। ਚੂਕੀ—ਮੁੱਕ ਜਾਂਦੀ ਹੈ। ਕਾਣੇ—ਕਾਣਿ, ਮੁਥਾਜੀ।3।

ਸਹਜ ਘਰੁ—ਆਤਮਕ ਅਡੋਲਤਾ ਦਾ ਟਿਕਾਣਾ। ਸੁੰਨਿ—ਸੁੰਨ ਵਿਚ, ਉਸ ਅਵਸਥਾ ਵਿਚ ਜਿੱਥੇ ਮਾਇਕ ਫੁਰਨਿਆਂ ਵਲੋਂ ਸੁੰਞ ਹੀ ਸੁੰਞ ਹੈ, ਅਫੁਰ ਅਵਸਥਾ ਵਿਚ। ਕੀਰਤਨੁ—ਸਿਫ਼ਤਿ-ਸਾਲਾਹ। ਮਾਨਿਆ—ਪਤੀਜ ਜਾਂਦਾ ਹੈ, ਗਿੱਝ ਜਾਂਦਾ ਹੈ।4।

ਅਰਥ:- ਹੇ ਭਾਈ! ਪੂਰੇ ਗੁਰੂ ਦੀ ਰਾਹੀਂ ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ-ਪਾਤਿਸ਼ਾਹ ਪਰਗਟ ਹੋ ਜਾਂਦਾ ਹੈ, ਉਸ ਦੇ ਅੰਦਰ ਰੰਗ ਲਾ ਦੇਂਦਾ ਹੈ (ਆਤਮਕ ਆਨੰਦ ਬਣਾ ਦੇਂਦਾ ਹੈ)।1। ਰਹਾਉ।

ਹੇ ਭਾਈ! (ਜਦੋਂ ਕਿਸੇ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਤਦੋਂ ਉਸ ਦੇ ਅੰਦਰ ਬੜਾ ਆਨੰਦ ਬਣ ਜਾਂਦਾ ਹੈ, ਤਦੋਂ ਉਸ ਦੇ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ, ਤਦੋਂ ਉਸ ਦੀ ਹਰੇਕ ਸੱਧਰ ਪੂਰੀ ਹੋ ਜਾਂਦੀ ਹੈ, ਤਦੋਂ ਉਹ ਕਦੇ ਭੀ ਕੋਈ ਚਿੰਤਾ-ਫ਼ਿਕਰ ਨਹੀਂ ਕਰਦਾ।1।

ਹੇ ਭਾਈ! (ਜਦੋਂ ਕਿਸੇ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਤਦੋਂ ਉਹ (ਮਾਨੋ) ਸਭ ਦਾ ਰਾਜਾ ਬਣ ਜਾਂਦਾ ਹੈ, ਤਦੋਂ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ, ਤਦੋਂ ਉਹ ਗੂੜ੍ਹੇ ਆਤਮਕ ਆਨੰਦ ਵਿਚ ਮਸਤ ਰਹਿੰਦਾ ਹੈ, ਤਦੋਂ ਉਹ ਸਦਾ ਹੀ ਖਿੜੇ-ਮੱਥੇ ਰਹਿੰਦਾ ਹੈ।2।

ਹੇ ਭਾਈ! (ਜਦੋਂ ਪਰਮਾਤਮਾ ਕਿਸੇ ਮਨੁੱਖ ਦੇ) ਹਿਰਦੇ ਵਿਚ ਆ ਵੱਸਦਾ ਹੈ, ਤਦੋਂ ਉਹ ਸਦਾ ਲਈ ਨਾਮ-ਧਨ ਦਾ ਸ਼ਾਹ ਬਣ ਜਾਂਦਾ ਹੈ, ਤਦੋਂ ਉਹ ਸਦਾ ਲਈ ਮਾਇਆ ਦੀ ਖ਼ਾਤਰ ਭਟਕਣਾ ਤੋਂ ਬਚ ਜਾਂਦਾ ਹੈ, ਤਦੋਂ ਉਹ ਸਾਰੇ (ਆਤਮਕ) ਆਨੰਦ ਮਾਣਦਾ ਹੈ, ਤਦੋਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿ ਜਾਂਦੀ।3।

ਹੇ ਭਾਈ! (ਜਦੋਂ ਪਰਮਾਤਮਾ ਕਿਸੇ ਮਨੁੱਖ ਦੇ) ਹਿਰਦੇ ਵਿਚ ਆ ਪਰਗਟਦਾ ਹੈ, ਤਦੋਂ ਉਹ ਮਨੁੱਖ ਆਤਮਕ ਅਡੋਲਤਾ ਦਾ ਟਿਕਾਣਾ ਲੱਭ ਲੈਂਦਾ ਹੈ, ਤਦੋਂ ਉਹ ਉਸ ਆਤਮਕ ਅਵਸਥਾ ਵਿਚ ਲੀਨ ਰਹਿੰਦਾ ਹੈ ਜਿਥੇ ਮਾਇਆ ਵਾਲੇ ਫੁਰਨੇ ਨਹੀਂ ਉੱਠਦੇ, ਤਦੋਂ ਉਹ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਹੇ ਨਾਨਕ! ਤਦੋਂ ਉਸ

ਦਾ ਮਨ ਪਰਮਾਤਮਾ ਨਾਲ ਗਿੱਝ ਜਾਂਦਾ ਹੈ।4।8। 21।